ਨੰ:1/8/2007-ਰਸ1/1295

(118)

ਪੰਜਾਬ ਸਰਕਾਰ
ਭਲਾਈ ਵਿਭਾਗ
(ਰਿਜ਼ਰਵੇਸ਼ਨ ਸੈਲ)

ਸੇਵਾ ਵਿਖੇ

ਪੰਜਾਬ ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਡਵੀਜ਼ਨਾਂ ਦੇ ਕਮਿਸ਼ਨਰ,
ਜ਼ਿਲ੍ਹਿਆਂ ਦੇ ਡਿਪਟੀ ਕਮਿਸ਼ਨਰ,
ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈ ਕੋਰਟ,
ਸਮੂਹ ਜ਼ਿਲ੍ਹਾ ਤੇ ਸੈਸ਼ਨ ਜੱਜ,
ਸਮੂਹ ਉਪ ਮੰਡਲ ਅਫਸਰ (ਸਿਵਲ) ਅਤੇ
ਤਹਿਸੀਲਦਾਰ।

ਮਿਤੀ, ਚੰਡੀਗੜ੍ਹ: 2/11/10

ਵਿਸ਼ਾ:- ਅਨੁਸੂਚਿਤ-ਜਾਤੀਆਂ/ਪਛੜੀਆਂ-ਸ਼੍ਰੇਣੀਆਂ ਦੇ ਸਰਟੀਫਿਕੇਟ ਬਣਾਉਣ ਬਾਰੇ।

***

ਸ਼੍ਰੀਮਾਨ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਆਪ ਦਾ ਧਿਆਨ ਸਰਕਾਰ ਦੇ ਪੱਤਰ ਨੰ:1/41/96-ਰਸ1/992-1005, ਮਿਤੀ 18-8-2004 ਅਤੇ ਬਾਅਦ ਵਿੱਚ ਜਾਰੀ ਕੀਤੀਆਂ ਹਦਾਇਤਾਂ ਦੇ ਪੱਤਰ ਨੰ:1/8/2007-ਰਸ1/815, ਮਿਤੀ 10-7-2008 ਵੱਲ ਦਿਵਾਉਣ ਦੀ ਹਦਾਇਤ ਹੋਈ ਹੈ ਕਿ ਇਸ ਸਮੇਂ ਪੰਜਾਬ ਦੇ ਸਾਰੇ ਜ਼ਿਲ੍ਹਿਆਂ ਵਿੱਚ ਸੁਵਿਧਾ ਸੈਂਟਰ ਖੁੱਲੇ ਹੋਏ ਹਨ। ਇਨ੍ਹਾਂ ਸੁਵਿਧਾ ਸੈਂਟਰਾਂ ਵਿੱਚ ਤਹਿਸੀਲਦਾਰ/ਨਾਇਬ ਤਹਿਸੀਲਦਾਰ ਵੀ ਰੋਜ਼ ਬੈਠਦੇ ਹਨ। ਤਹਿਸੀਲਦਾਰ/ਨਾਇਬ ਤਹਿਸੀਲਦਾਰ ਕੋਲ ਕਾਰਜਕਾਰੀ ਮੈਜਿਸਟਰੇਟ ਦੇ ਅਧਿਕਾਰ ਹੁੰਦੇ ਹਨ। ਹੁਣ ਕਿਉਂਕਿ ਜਾਤੀ ਸਰਟੀਫਿਕੇਟ ਬਣਾਉਣ ਦਾ ਕੰਮ ਸੁਵਿਧਾ ਸੈਂਟਰਾਂ ਰਾਹੀਂ ਹੋ ਰਿਹਾ ਹੈ, ਪਰ ਸਰਟੀਫਿਕੇਟ ਤਿਆਰ ਕਰਕੇ ਹਸਤਾਖਰਾਂ ਲਈ ਤਹਿਸੀਲਦਾਰ ਦੇ ਦਫਤਰ ਨੂੰ ਭੇਜੇ ਜਾਂਦੇ ਹਨ, ਜਿਸ ਨਾਲ ਪਬਲਿਕ ਦਾ ਕਾਫੀ ਸਮਾਂ ਬਰਬਾਦ ਹੁੰਦਾ ਹੈ।

2. ਉਪਰੋਕਤ ਦਰਸਾਈ ਸਥਿਤੀ ਦੇ ਸਨਮੁੱਖ ਸਰਕਾਰ ਨੇ ਫੈਸਲਾ ਲਿਆ ਹੈ ਕਿ ਸੁਵਿਧਾ ਸੈਂਟਰਾਂ ਵਿੱਚ ਬੈਠਣ ਵਾਲੇ ਤਹਿਸੀਲਦਾਰ/ਨਾਇਬ ਤਹਿਸੀਲਦਾਰ, ਜਿਨ੍ਹਾਂ ਪਾਸ

ਬਾਕੀ ਪੰਨਾ.....(2)...

ਕਾਰਜਕਾਰੀ ਮੈਜਿਸਟਰੇਟ ਦੇ ਅਖਤਿਆਰ ਹੋਣ, ਨੂੰ ਅਨੁਸੂਚਿਤ-ਜਾਤੀਆਂ ਅਤੇ ਪਛੜੀਆਂ-ਸ਼੍ਰੇਣੀਆਂ ਦੇ ਜਾਤੀ ਸਰਟੀਫਿਕੇਟ ਜਾਰੀ ਕਰਨ ਦੇ ਅਧਿਕਾਰ ਦਿੱਤੇ ਜਾਂਦੇ ਹਨ।

ਵਿਸ਼ਵਾਸਪਾਤਰ,

( ਐਸ.ਪੀ. ਅਰੋੜਾ)

ਵਧੀਕ ਸਕੱਤਰ ਭਲਾਈ

ਇੱਕ ਉਤਾਰਾ ਸਮੂਹ ਵਿੱਤੀ ਕਮਿਸ਼ਨਰਜ਼/ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਸੂਚਨਾ ਅਤੇ ਅਗਲੇਰੀ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

ਵਧੀਕ ਸਕੱਤਰ ਭਲਾਈ

ਸੇਵਾ ਵਿਖੇ,

ਸਮੂਹ ਵਿੱਤੀ ਕਮਿਸ਼ਨਰਜ਼,
ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ,ਪੰਜਾਬ ਸਰਕਾਰ।

ਅੰ:ਵਿ:ਪ:ਨੰ:1/8/2007-ਰਸ1/ 1296 ਮਿਤੀ,ਚੰਡੀਗੜ੍ਹ: 2/11/10
ਪਿਠਅੰਕਣ ਨੰ:1/8/2007-ਰਸ1/ 1297-99 ਮਿਤੀ,ਚੰਡੀਗੜ੍ਹ: 2/11/10

ਇੱਕ ਉਤਾਰਾ ਨਿਮਨ-ਲਿਖਤ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ:-

1) ਡਾਇਰੈਕਟਰ,ਅਨੁਸੂਚਿਤ-ਜਾਤੀਆਂ ਤੇ ਪਛੜੀਆਂ-ਸ਼੍ਰੇਣੀਆਂ ਭਲਾਈ ਵਿਭਾਗ, ਪੰਜਾਬ,ਐਸ.ਸੀ.ਓ.ਨੰ:128-129,ਸੈਕਟਰ-34ਏ,ਚੰਡੀਗੜ੍ਹ।

2) ਮੈਂਬਰ ਸਕੱਤਰ,ਪੰਜਾਬ ਰਾਜ ਅਨੁਸੂਚਿਤ-ਜਾਤੀਆਂ ਕਮਿਸ਼ਨ, ਕਮਰਾ ਨੰ:8,ਚੌਥੀ ਮੰਜ਼ਿਲ(ਪੰਜਾਬ ਸਿਵਲ ਸਕੱਤਰੇਤ),ਚੰਡੀਗੜ੍ਹ।

3) ਮੈਂਬਰ ਸਕੱਤਰ,ਪੰਜਾਬ ਰਾਜ ਪਛੜੀਆਂ-ਸ਼੍ਰੇਣੀਆਂ ਕਮਿਸ਼ਨ, ਕਮਰਾ ਨੰ:38,ਚੌਥੀ ਮੰਜ਼ਿਲ(ਪੰਜਾਬ ਸਿਵਲ ਸਕੱਤਰੇਤ),ਚੰਡੀਗੜ੍ਹ।

ਵਧੀਕ ਸਕੱਤਰ ਭਲਾਈ

ਨੰ: 1/8/2007-ਰਸ1/ 1047

**ਪੰਜਾਬ ਸਰਕਾਰ**
**ਭਲਾਈ ਵਿਭਾਗ**
**(ਰਿਜਰਵੇਸ਼ਨ ਸੈਲ)**

ਸੇਵਾ ਵਿਖੇ,

ਕਮਿਸ਼ਨਰ, ਜਲੰਧਰ ਮੰਡਲ,
ਜਲੰਧਰ ।

ਮਿਤੀ, ਚੰਡੀਗੜ੍ਹ 16.12.11

**ਵਿਸ਼ਾ :-** **ਅਨੁਸੂਚਿਤ ਜਾਤੀਆਂ ਦੇ ਉਮੀਦਵਾਰਾਂ ਨੂੰ ਜਾਤੀ ਸਰਟੀਫਿਕੇਟ ਜਾਰੀ ਕਰਨ ਦੀ ਵਿਧੀ ਨੂੰ ਸਰਲ ਬਣਾਉਣ ਬਾਰੇ ।**

ਕ੍ਰਿਪਾ ਕਰਕੇ ਆਪਣੇ ਪੱਤਰ ਨੰ : ਪੀ.ਏ-2011/381, ਮਿਤੀ 30-9-2011 ਵੱਲ ਧਿਆਨ ਦੇਣ ਦੀ ਖੇਚਲ ਕੀਤੀ ਜਾਵੇ ਜੀ ।

2. ਮੈਨੂੰ ਉਪਰੋਕਤ ਵਿਸ਼ੇ ਤੇ ਆਪ ਜੀ ਨੂੰ ਇਹ ਦਸਣ ਦੀ ਹਦਾਇਤ ਹੋਈ ਹੈ ਕਿ ਸਰਕਾਰ ਵੱਲੋਂ ਆਪਣੇ ਪੱਤਰ ਨੰ: 1/8/07-ਰਸ1/1295, ਮਿਤੀ 2-11-2010 ਰਾਹੀਂ ਜਾਰੀ ਹਦਾਇਤਾਂ ਵਿੱਚ ਅੰਸਿਕ ਸੋਧ ਕਰਦੇ ਹੋਏ ਅਨੁਸੂਚਿਤ ਜਾਤੀ ਦੇ ਉਮੀਦਵਾਰਾਂ ਨੂੰ ਅਨੁਸੂਚਿਤ ਜਾਤੀ ਸਰਟੀਫਿਕੇਟ ਜਾਰੀ ਕਰਨ ਦੀ ਵਿਧੀ ਨੂੰ ਹੋਰ ਸਰਲ ਬਣਾਉਣ ਲਈ ਰਾਜ ਦੇ ਸਾਰੇ ਤਹਿਸੀਲਦਾਰਾਂ/ਨਾਇਬ ਤਹਿਸੀਲਦਾਰਾਂ ਨੂੰ ਅਨੁਸੂਚਿਤ ਜਾਤੀ ਸਰਟੀਫਿਕੇਟ ਜਾਰੀ ਕਰਨ ਦੇ ਅਧਿਕਾਰ ਦੇਣ ਦਾ ਫੈਸਲਾ ਲਿਆ ਗਿਆ ਹੈ ।

3. ਇਹ ਪੱਤਰ ਮਾਨਯੋਗ ਮੁੱਖ ਮੰਤਰੀ, ਪੰਜਾਬ ਜੀ ਦੀ ਪ੍ਰਵਾਨਗੀ ਉਪਰੰਤ ਜਾਰੀ ਕੀਤਾ ਗਿਆ ਹੈ ।

ਵਿਸ਼ਵਾਸਪਾਤਰ

(ਚਮਨ ਲਾਲ ਵਾਸਨ)
ਸੰਯੁਕਤ ਸਕੱਤਰ ਭਲਾਈ

ਉਪਰੋਕਤ ਦਾ ਇਕ ਉਤਾਰਾ ਸਮੂਹ ਵਿੱਤੀ ਕਮਿਸ਼ਨਰਾਂ/ਪ੍ਰਮੁੱਖ ਸਕੱਤਰਾਂ ਅਤੇ ਪ੍ਰਬੰਧਕੀ ਸਕੱਤਰਾਂ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ ।

ਸੰਯੁਕਤ ਸਕੱਤਰ ਭਲਾਈ

ਸੇਵਾ ਵਿਖੇ,

ਸਮੂਹ ਵਿੱਤੀ ਕਮਿਸ਼ਨਰ,
ਪ੍ਰਮੁੱਖ ਸਕੱਤਰ ਅਤੇ ਪ੍ਰਬੰਧਕੀ ਸਕੱਤਰ,
ਪੰਜਾਬ ਸਰਕਾਰ ।

ਅੰ.ਵਿ.ਪੱ.ਨੰ: 1/8/2007-ਰਸ1/ 1048 ਮਿਤੀ, ਚੰਡੀਗੜ੍ਹ 16.12.11

ਪਿੱਠ ਅੰਕਣ ਨੰ: 1/8/2007-ਰਸ1/ 1049 ਮਿਤੀ, ਚੰਡੀਗੜ੍ਹ 16.12.11

ਉਪਰੋਕਤ ਦਾ ਇਕ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ :-

1. ਪੰਜਾਬ ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ, ਡਵੀਜਨਾਂ ਦੇ ਕਮਿਸ਼ਨਰ, ਡਿਪਟੀ ਕਮਿਸ਼ਨਰ, ਰਜਿਸਟਰਾਰ, ਪੰਜਾਬ ਅਤੇ ਹਰਿਆਣਾ ਹਾਈ ਕੋਰਟ, ਡਿਸਟਿਕ ਅਤੇ ਸੈਸ਼ਨ ਜੱਜ, ਸਬ ਡਵਿਜਨਲ ਮੈਜੀਸਟਰੇਟ(ਸਿਵਲ) ।
2. ਵਾਈਸ ਚਾਂਸਲਰ/ਰਜਿਸਟਰਾਰ, ਪੰਜਾਬੀ ਯੂਨੀਵਰਸਿਟੀ, ਪਟਿਆਲਾ,
   ਗੁਰੂ ਨਾਨਕ ਦੇਵ ਯੂਨੀਵਰਸਿਟੀ, ਅੰਮ੍ਰਿਤਸਰ,
   ਪੰਜਾਬ ਯੂਨੀਵਰਸਿਟੀ, ਚੰਡੀਗੜ੍ਹ,
   ਪੰਜਾਬ ਖੇਤੀਬਾੜੀ ਯੂਨੀਵਰਸਿਟੀ, ਲੁਧਿਆਣਾ,
   ਪੰਜਾਬ ਤਕਨੀਕੀ ਯੂਨੀਵਰਸਿਟੀ, ਜਲੰਧਰ,
   ਬਾਬਾ ਫਰੀਦ ਯੂਨੀਵਰਸਿਟੀ ਆਫ਼ ਹੈਲਥ ਸਾਇੰਸ, ਫਰੀਦਕੋਟ ।

ਸੰਯੁਕਤ ਸਕੱਤਰ, ਭਲਾਈ

ਪਿੱਠ ਅੰਕਣ ਨੰ: 1/8/2007-ਰਸ1/ 1050 ਮਿਤੀ, ਚੰਡੀਗੜ੍ਹ 16.12.11

ਉਪਰੋਕਤ ਦਾ ਇਕ ਉਤਾਰਾ ਹੇਠ ਲਿਖਿਆ ਨੂੰ ਸੂਚਨਾ ਅਤੇ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ :-

1. ਡਾਇਰੈਕਟਰ, ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ੍ਰੇਣੀਆਂ, ਭਲਾਈ ਵਿਭਾਗ, ਪੰਜਾਬ, ਐਸ.ਸੀ.ਓ. ਨੰ 128-29, ਸੈਕਟਰ 34-ਏ, ਚੰਡੀਗੜ੍ਹ ।

2. ਮੈਂਬਰ ਸਕੱਤਰ, ਪੰਜਾਬ ਰਾਜ ਅਨੁਸੂਚਿਤ ਜਾਤੀਆਂ ਕਮਿਸ਼ਨ, ਕਮਰਾ ਨੰ 8, ਚੌਥੀ ਮੰਜਿਲ(ਪੰਜਾਬ ਸਿਵਲ ਸਕੱਤਰੇਤ), ਚੰਡੀਗੜ੍ਹ ।

3. ਮੈਂਬਰ ਸਕੱਤਰ, ਪੰਜਾਬ ਰਾਜ ਪੱਛੜੀਆਂ ਸ੍ਰੇਣੀਆਂ ਕਮਿਸ਼ਨ, ਕਮਰਾ ਨੰ 38, ਚੌਥੀ ਮੰਜਿਲ(ਪੰਜਾਬ ਸਿਵਲ ਸਕੱਤਰੇਤ), ਚੰਡੀਗੜ੍ਹ ।

4. ਨਿੱਜੀ ਸਕੱਤਰ/ਪ੍ਰਮੁੱਖ ਸਕੱਤਰ ਭਲਾਈ ਪੰਜਾਬ, ਚੰਡੀਗੜ੍ਹ ।

ਸੰਯੁਕਤ ਸਕੱਤਰ ਭਲਾਈ